**ਪੰਜਾਬ ਸਕੂਲ ਸਿੱਖਿਆ ਬੋਰਡ**

**ਵਿੱਦਿਆ ਭਵਨ ਫੇਜ਼-8, ਸਾਹਿਬਜ਼ਾਦਾ ਅਜੀਤ ਸਿੰਘ ਨਗਰ-160062**

**(ਅਕਾਦਮਿਕ ਸ਼ਾਖਾ)**

ਵੱਲ

ਪੰਜਾਬ ਰਾਜ ਦੇ ਸਮੂਹ ਪ੍ਰਿੰਸੀਪਲ / ਮੁੱਖ ਅਧਿਆਪਕਾਂ / ਹੈਡਮਾਸਟਰ

**ਨੰ: ਪਸਸਬ-ਅਕਾਦਮਿਕ / 2025**.........2012.......... **ਮਿਤੀ**.....24.04.2025

**ਵਿਸ਼ਾ:- ਦਾਖਲਾ ਸਾਲ 2025-26 ਲਈ ਅੱਠਵੀਂ ਤੋਂ ਬਾਰ੍ਹਵੀਂ ਸ਼੍ਰੇਣੀਆਂ ਲਈ ਦਾਖਲਾ ਸ਼ਡਿਊਲ।**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਾਖਲਾ ਸਾਲ 2025-26 ਲਈ ਅੱਠਵੀਂ ਤੋਂ ਬਾਰ੍ਹਵੀਂ ਸ਼੍ਰੇਣੀਆਂ ਦਾ ਦਾਖਲਾ ਸ਼ਡਿਊਲ ਹੇਠ ਲਿਖੇ ਅਨੁਸਾਰ ਨਿਰਧਾਰਿਤ ਕੀਤਾ ਜਾਂਦਾ ਹੈ:-

| **ਸ਼੍ਰੇਣੀ** | **ਦਾਖਲੇ ਦੀ ਅੰਤਿਮ ਮਿਤੀ** |
| --- | --- |
| **ਅੱਠਵੀਂ ਤੋਂ ਬਾਰ੍ਹਵੀਂ** | **15-07-2025** |

1. ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਰੈਗੂਲਰ ਦਾਖਲੇ ਦੀਆਂ ਯੋਗਤਾਵਾਂ /ਸ਼ਰਤਾਂ ਜੋ ਕਿ ਬੋਰਡ ਦੀ ਵੈੱਬ ਸਾਈਟ www.pseb.ac.in ਤੇ ਉਪਲੱਬਧ ਹਨ, ਅਨੁਸਾਰ ਹੀ ਸਕੂਲਾਂ ਵੱਲੋਂ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ।
2. ਬੋਰਡ ਦੇ ਅਕਾਦਮਿਕ ਨਿਯਮਾਂ ਅਧੀਨ ਦਰਜ ਪਰੀਖਿਆ ਵਿੱਚ ਬੈਠਣ ਲਈ ਪਰੀਖਿਆਰਥੀ ਦੀ ਪਾਤਰਤਾ ਅਨੁਸਾਰ ਸੰਸਥਾ ਮੁੱਖੀ ਲੇਟ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦੀਆਂ ਹਾਜ਼ਰੀਆਂ ਦਾਖਲਾ ਲੈਣ ਦੀ ਮਿਤੀ ਤੋਂ 75% ਹੋਣੀਆਂ ਯਕੀਨੀ ਬਣਾਉਣਗੇ।
3. ਸਮੂਹ ਸਕੂਲ / ਸੰਸਥਾ ਮੁੱਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦੂਜੇ ਰਾਜਾਂ ਤੋਂ ਸੱਤਵੀਂ, ਅੱਠਵੀਂ, ਨੌਵੀਂ, ਦਸਵੀਂ ਅਤੇ ਗਿਆਰ੍ਹਵੀਂ ਸ਼੍ਰੇਣੀ ਪਾਸ ਕਰਕੇ ਆਏ ਵਿਦਿਆਰਥੀਆਂ ਨੂੰ ਦਾਖਲੇ ਲਈ ਸਮਾਨਤਾ ਪੱਤਰ ਲੈਣਾ ਲਾਜ਼ਮੀ ਨਹੀਂ ਹੈ। ਬੋਰਡ ਦੀ ਵੈੱਬਸਾਈਟ www.pseb.ac.in ਤੇ ਉਪਲਬੱਧ ਐਮ.ਐਚ.ਆਰ.ਡੀ ਵੱਲੋਂ ਪ੍ਰਵਾਨਿਤ ਬੋਰਡਾਂ ਦੀ ਸੂਚੀ ਅਨੁਸਾਰ ਹੀ ਦੂਜੇ ਰਾਜਾਂ /ਬੋਰਡਾਂ ਤੋਂ ਪਾਸ ਕਰਕੇ ਆਏ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ। ਉਹ ਵਿਦਿਆਰਥੀ, ਜਿਨ੍ਹਾਂ ਨੇ ਸਕੂਲ ਪੱਧਰ ਦੀ ਪੜ੍ਹਾਈ ਕਿਸੇ ਬਾਹਰਲੇ ਦੇਸ਼ ਤੋਂ ਕੀਤੀ ਹੋਵੇ ਅਤੇ ਅਗਲੇਰੀ ਪੜ੍ਹਾਈ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਕਰਨਾ ਚਾਹੁੰਦੇ ਹੋਣ ਤਾਂ ਉਹਨਾਂ ਵਿਦਿਆਰਥੀਆਂ ਨੂੰ AIU ਤੋਂ ਜਾਰੀ NOC ਦੀ ਲੋਅ ਵਿੱਚ ਬੋਰਡ ਵੱਲੋਂ ਜਾਰੀ ਸਮਾਨਤਾ ਪੱਤਰ ਪ੍ਰਾਪਤ ਕਰਨ ਤੇ ਹੀ ਸਕੂਲਾਂ ਵੱਲੋਂ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ।
4. ਸਮੂਹ ਸਕੂਲ/ਸੰਸਥਾ ਮੁੱਖੀ ਉਪਰੋਕਤ ਦਾਖਲਾ ਸ਼ਡਿਊਲ ਅਤੇ ਬੋਰਡ ਵੱਲੋਂ ਜਾਰੀ ਦਾਖਲੇ ਲਈ ਯੋਗਤਾਵਾਂ/ਸ਼ਰਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਉਣਗੇ।

ਉਪ ਸਕੱਤਰ (ਅਕਾਦਮਿਕ)
ਪੰਜਾਬ ਸਕੂਲ ਸਿੱਖਿਆ ਬੋਰਡ।

ਪਿੱਠਅੰਕਣ ਨੰ:ਪਸਸਬ-ਸੁ-ਅਕਾਦਮਿਕ-2025/2013 ਮਿਤੀ 24/04/2025

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਚੇਅਰਮੈਨ ਜੀ ਦੇ ਨਿੱਜੀ ਸਕੱਤਰ, ਵਾਈਸ ਚੇਅਰਮੈਨ ਜੀ ਦੇ ਨਿੱਜੀ ਸਕੱਤਰ ਅਤੇ ਉਪ ਸਕੱਤਰ (ਅਕਾਦਮਿਕ) ਜੀ ਦੇ ਨਿੱਜੀ ਸਹਾਇਕ ਨੂੰ , ਚੇਅਰਮੈਨ ਜੀ, ਵਾਈਸ ਚੇਅਰਮੈਨ ਜੀ, ਸਕੱਤਰ ਜੀ ਅਤੇ ਉਪ ਸਕੱਤਰ (ਅਕਾਦਮਿਕ) ਜੀ ਦੀ ਸੂਚਨਾ ਹਿੱਤ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ, ਪੰਜਾਬ, ਐਸ.ਏ.ਐਸ.ਨਗਰ।
3. ਡੀ.ਪੀ.ਆਈ.(ਸੈਕੰਡਰੀ ) ਪੰਜਾਬ, ਐਸ.ਏ.ਐਸ.ਨਗਰ
4. ਪੰਜਾਬ ਰਾਜ ਦੇ ਸਮੂਹ ਸਰਕਲ ਸਿੱਖਿਆ ਅਫਸਰਾਂ ਅਤੇ ਜਿਲ੍ਹਾ ਸਿੱਖਿਆ ਅਫਸਰਾਂ (ਸੈ.ਸਿ.) ਨੂੰ :
5. ਉਪ ਸਕੱਤਰ/ਸਹਾਇਕ ਸਕੱਤਰ ਰਜਿਸਟ੍ਰੇਸ਼ਨ / ਮਾਈਗ੍ਰੇਸ਼ਨ ਸ਼ਾਖਾ ਅਤੇ ਕੰਪਿਊਟਰ ਸ਼ਾਖਾ ਪੰਜਾਬ ਸਕੂਲ ਸਿੱਖਿਆ ਬੋਰਡ।

ਸੁਪਰਡੰਟ(ਅਕਾਦਮਿਕ)
ਪੰਜਾਬ ਸਕੂਲ ਸਿੱਖਿਆ ਬੋਰਡ।